ਜਗਰਾਉਂ
ਅਜੀਤ, ਜਲੰਧਰ
ਅਜੀਤ
ਸ਼ੁੱਕਰਵਾਰ, 28 ਨਵੰਬਰ 2025

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **28 ਨਵੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ** ਅਤੇ **29 ਨਵੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਗਤਾਰ ਸਿੰਘ** ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **28 ਨਵੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਤਜਿੰਦਰ ਸਿੰਘ** ਤੇ **29 ਨਵੰਬਰ** ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ **ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਜਸਕਰਨ ਸਿੰਘ ਦਿਉਲ ਨੇ ਸਰਕਲ ਜੋਧਾ ਦੇ ਪਿੰਡਾਂ ਦੇ ਅਹੁਦੇਦਾਰਾਂ ਨਾਲ ਕੀਤੀ ਮੀਟਿੰਗ

• ਆਗਾਮੀ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵਲੋਂ ਵਿਚਾਰ ਚਰਚਾ

ਜੋਧਾਂ, 27 ਨਵੰਬਰ (ਗੁਰਵਿੰਦਰ ਸਿੰਘ ਹੈਪੀ)-ਆਗਾਮੀ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਨੇ ਸਰਕਲ ਜੋਧਾਂ ਦੇ ਪਿੰਡਾਂ ਦੇ ਅਹੁਦੇਦਾਰਾਂ ਦੀ ਮੀਟਿੰਗ ਪਾਰਟੀ ਦੇ ਸਿਰਕੱਢ ਆਗੂ ਅੰਮ੍ਰਿਤਪਾਲ ਸਿੰਘ ਦਿਉਲ ਖੰਡੂਰ ਦੀ ਅਗਵਾਈ ਹੇਠ ਪਿੰਡ ਖੰਡੂਰ ਵਿਖੇ ਹੋਈ। ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਮੁੱਖ ਸੇਵਾਦਾਰ ਜਸਕਰਨ ਸਿੰਘ ਦਿਉਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜਸਕਰਨ ਸਿੰਘ ਦਿਉਲ ਨੇ ਆਗਾਮੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣ ਸਬੰਧੀ ਅਕਾਲੀ ਵਰਕਰਾਂ ਨੂੰ ਸੰਬੋਧਿਤ ਕਰਦਿਆਂ ਉਨ੍ਹਾਂ ਦੀਆਂ ਡਿਊਟੀਆਂ ਲਗਾਉਂਦਿਆਂ ਕਿਹਾ ਕਿ ਹਲਕਾ ਦਾਖਾ ਅੰਦਰ ਤਿੰਨ ਜ਼ਿਲ੍ਹਾ ਪ੍ਰੀਸ਼ਦ ਅਤੇ 25 ਬਲਾਕ ਸੰਮਤੀਆਂ ਹਨ, ਜਿਸ ਲਈ ਹਰ ਬਲਾਕ ਸੰਮਤੀ ਤੋਂ ਅਕਾਲੀ ਦਲ ਆਪਣਾ ਉਮੀਦਵਾਰ ਚੋਣ ਮੈਦਾਨ ਵਿਚ ਉਤਾਰੇਗਾ। ਜਸਕਰਨ ਸਿੰਘ ਦਿਉਲ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਵਿਸ਼ੇਸ਼ ਤੌਰ 'ਤੇ ਆਗੂਆਂ ਅਤੇ ਵਰਕਰਾਂ ਨੂੰ ਹਦਾਇਤ ਹੈ ਕਿ ਕੋਈ ਵੀ ਡੰਮੀ ਉਮੀਦਵਾਰ ਨਹੀਂ ਬਲਕਿ ਚੋਣ ਲੜਨ ਵਾਲੇ ਨੂੰ ਹੀ ਟਿਕਟ ਦੇ ਕੇ ਨਿਵਾਜਿਆ ਜਾਵੇਗਾ, ਕਿਉਂਕਿ ਇਨ੍ਹਾਂ ਚੋਣਾਂ ਨੇ ਹੀ ਹਲਕੇ ਦੇ ਲੀਡਰ ਦਾ ਭਵਿੱਖ ਤੈਅ ਕਰਨਾ ਹੈ। ਜਸਕਰਨ ਸਿੰਘ ਦਿਉਲ ਨੇ ਕਿਹਾ ਕਿ ਜਿਸ ਤਰ੍ਹਾਂ ਜ਼ਿਮਨੀ ਚੋਣ ਤਰਨਤਾਰਨ ਵਿਚ ਲੋਕਾਂ ਨੇ ਅਕਾਲੀ ਦਲ ਦਾ ਸਾਥ ਦਿੱਤਾ ਹੈ, ਉਨ੍ਹਾਂ ਨੂੰ ਉਮੀਦ ਹੀ ਨਹੀਂ ਬਲਕਿ ਪੂਰਨ ਭਰੋਸਾ ਹੈ ਕਿ ਹਲਕਾ ਦਾਖਾ ਜੋ ਕਿ ਪੰਥਕ ਹਲਕਾ ਹੈ, ਇੱਥੋਂ ਦੇ ਵੋਟਰ ਉਨ੍ਹਾਂ ਦੇ ਉਮੀਦਵਾਰਾਂ ਨੂੰ ਇਨ੍ਹਾਂ ਚੋਣਾਂ ਵਿੱਚ ਵੱਡੀ ਲੀਡ ਨਾਲ ਜਿਤਾਉਣਗੇ। ਇਸ ਮੌਕੇ ਚਮਕੌਰ ਸਿੰਘ ਉਭੀ ਜੋਧਾਂ, ਪ੍ਰਿਤਪਾਲ ਸਿੰਘ ਗਰੇਵਾਲ ਜੋਧਾਂ, ਜਗਦੀਪ ਸਿੰਘ ਦੀਪਾ ਦਿਉਲ ਮੋਹੀ, ਗੁਰਮੀਤ ਸਿੰਘ ਰਾਣਾ ਜੋਧਾ, ਇਕਬਾਲ ਸਿੰਘ ਹੈਪੀ ਢੈਪਈ, ਹੈਪੀ ਰੁੜਕਾ, ਇਕਬਾਲ ਸਿੰਘ ਪਾਲੀ ਮੋਹੀ, ਪਰਮਜੀਤ ਸਿੰਘ ਮੋਹੀ, ਜਸਵੰਤ ਸਿੰਘ, ਗੁਰਚਰਨ ਸਿੰਘ (ਦੋਵੇਂ ਸਾਬਕਾ ਪੰਚ), ਸੁਖਵਿੰਦਰ ਸਿੰਘ, ਹਰਬੰਸ ਸਿੰਘ, ਰਾਜੂ ਮਦਾਨ, ਬਲਵਿੰਦਰ ਸਿੰਘ ਲਾਲਾ, ਮਨਦੀਪ ਸਿੰਘ ਗਿੱਲ ਮੋਹੀ, ਲਖਵਿੰਦਰ ਸਿੰਘ ਲੱਖਾ, ਚਮਕੌਰ ਸਿੰਘ ਕਾਕਾ, ਸਮਰਜੀਤ ਸਿੰਘ ਸਮਰਾ, ਅਵਤਾਰ ਸਿੰਘ, ਜਗਤਾਰ ਸਿੰਘ ਨੰਬਰਦਾਰ, ਬਾਵਾ ਮੋਹੀ, ਬੁੱਲ੍ਹਾ ਸਿੰਘ ਮੋਹੀ ਆਦਿ ਹਾਜ਼ਰ ਸਨ।

ਖੰਡੂਰ ਵਿਖੇ ਮੀਟਿੰਗ ਦੌਰਾਨ ਜਸਕਰਨ ਸਿੰਘ ਦਿਉਲ ਤੇ ਅੰਮ੍ਰਿਤਪਾਲ ਸਿੰਘ ਖੰਡੂਰ ਨਾਲ ਸਰਕਲ ਦੀਆਂ ਅਹਿਮ ਸ਼ਖ਼ਸੀਅਤਾਂ। ਤਸਵੀਰ: ਗੁਰਵਿੰਦਰ ਸਿੰਘ ਹੈਪੀ

ਦਾਖਾ ਪੁਲਿਸ ਵਲੋਂ ਗ੍ਰਿਫ਼ਤਾਰ ਝਪਟਮਾਰ ਬਾਰੇ ਜਾਣਕਾਰੀ ਸਮੇਂ ਡੀ.ਐੱਸ.ਪੀ ਵਰਿੰਦਰ ਸਿੰਘ ਖੋਸਾ ਨਾਲ ਐੱਸ.ਐੱਚ.ਓ ਹਮਰਾਜ ਸਿੰਘ ਚੀਮਾਂ ਪੁਲਿਸ ਪਾਰਟੀ ਨਾਲ। ਤਸਵੀਰ: ਕ੍ਰਿਪਾਲ ਹੰਬੜਾਂ

ਦਾਖਾ ਪੁਲਿਸ ਵਲੋਂ ਮੰਡੀ ਮੁੱਲਾਂਪੁਰ ਪਰਸ ਸਨੈਚਿੰਗ ਮਾਮਲੇ 'ਚ ਝਪਟਮਾਰ ਕਾਬੂ

ਮੁੱਲਾਂਪੁਰ-ਦਾਖਾ, 27 ਨਵੰਬਰ (ਨਿਰਮਲ ਸਿੰਘ ਧਾਲੀਵਾਲ)- ਡਾ. ਅੰਕੁਰ ਗੁਪਤਾ ਆਈ.ਪੀ.ਐੱਸ ਸੀਨੀਅਰ ਪੁਲਿਸ ਕਪਤਾਨ ਲੁਧਿਆਣਾ ਦਿਹਾਤੀ, ਹਰਕਮਲ ਕੌਰ ਐਸ.ਪੀ (ਡੀ) ਵਲੋਂ ਮਜਬੂਤ ਅਤੇ ਪੁਖਤਾ ਪੁਲਿਸ ਪ੍ਰਬੰਧਾਂ ਦੇ ਨਾਲ ਚੋਰ-ਲੁਟੇਰਿਆਂ ਵਿਰੁੱਧ ਵਿਆਪਕ ਮੁਹਿੰਮ ਦੇ ਆਦੇਸ਼ਾਂ 'ਤੇ ਅਮਲ ਕਰਦਿਆਂ ਦਾਖਾ ਪੁਲਿਸ ਵਲੋਂ ਇਕ ਝਪਟਮਾਰ ਨੂੰ ਕਾਬੂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ ਵਰਿੰਦਰ ਸਿੰਘ ਖੋਸਾ, ਐੱਸ.ਐੱਚ.ਓ ਹਮਰਾਜ ਸਿੰਘ ਚੀਮਾ ਦੱਸਿਆ ਕਿ ਕਰੀਬ ਹਫਤਾ ਪਹਿਲਾਂ ਸੁਰਿੰਦਰ ਸਿੰਘ ਵਾਸੀ ਕਾਲਜ ਰੋਡ ਦਾਖਾ ਨਿਊ ਬੈਂਕ ਕਾਲੋਨੀ ਵਲੋਂ ਪੁਲਿਸ ਕੋਲ ਇਤਲਾਹ ਦਰਜ ਕਰਵਾਈ ਸੀ ਕਿ ਉਹ ਆਪਣੀ ਪਤਨੀ ਨਾਲ ਸਕੂਟਰ 'ਤੇ ਮੰਡੀ ਮੁੱਲਾਂਪੁਰ ਨੂੰ ਜਾ ਰਿਹਾ ਸੀ, ਤਾਂ ਪਿੱਛੋਂ ਆ ਰਿਹਾ ਮੋਟਰਸਾਈਕਲ ਸਵਾਰ ਉਸ ਦੀ ਪਤਨੀ ਦਾ ਪਰਸ ਝਪਟ ਕੇ ਰਫੂ ਚੱਕਰ ਹੋ ਗਿਆ। ਪਰਸ ਵਿਚ ਘਰ ਦੀਆਂ ਚਾਬੀਆਂ, ਆਈਫੋਨ ਐਕਸ-ਆਰ, ਕੁਝ ਨਕਦੀ ਸੀ। ਡੀ.ਐੱਸ.ਪੀ ਖੋਸਾ ਦੱਸਿਆ ਕਿ ਪੁਲਿਸ ਵਲੋਂ ਅਣਪਛਾਤੇ ਝਪਟਮਾਰ ਖਿਲਾਫ਼ ਅ/ਧ 304 ਬੀ.ਐੱਨ.ਐੱਸ ਹੇਠ ਮੁਕੱਦਮਾ ਦਰਜ ਕਰਕੇ ਉਕਤ ਵਿਅਕਤੀ ਦੀ ਭਾਲ ਸ਼ੁਰੂ ਕਰ ਦਿੱਤੀ ਸੀ। ਦਾਖਾ ਪੁਲਿਸ ਨੂੰ ਉਦੋਂ ਸਫਲਤਾ ਮਿਲੀ ਜਦ ਖੁਫੀਆ ਜਾਣਕਾਰੀ ਅਤੇ ਫੋਨ ਟਰੇਸਿੰਗ ਜ਼ਰੀਏ ਉਕਤ ਝਪਟਮਾਰ ਨੂੰ ਕਾਬੂ ਕਰ ਲਿਆ ਗਿਆ, ਉਕਤ ਵਿਅਕਤੀ ਕੋਲੋਂ ਆਈਫੋਨ ਐਕਸ ਆਰ ਵੀ ਪੁਲਿਸ ਨੇ ਬਰਾਮਦ ਕੀਤਾ। ਗ੍ਰਿਫਤਾਰ ਵਿਅਕਤੀ ਦੀ ਪਹਿਚਾਣ ਹਰਵਿੰਦਰ ਸਿੰਘ ਪੁੱਤਰ ਸ਼ਿੰਦਰਪਾਲ ਸਿੰਘ ਪਿੰਡ ਮੁੱਲਾਂਪੁਰ ਵਜੋਂ ਹੋਈ। ਡੀ.ਐੱਸ.ਪੀ ਖੋਸਾ ਦੱਸਿਆ ਕਿ ਹਰਵਿੰਦਰ ਸਿੰਘ ਖਿਲਾਫ ਥਾਣਾ ਦਾਖਾ ਅੰਦਰ ਪਹਿਲਾਂ ਵੀ ਅੱਧੀ ਦਰਜਨ ਮੁਕੱਦਮੇ ਦਰਜ ਹਨ। ਡੀ.ਐੱਸ.ਪੀ ਖੋਸਾ ਵਲੋਂ ਸਮਾਜ ਵਿਰੋਧੀ ਅਨਸਰਾਂ, ਝਪਟਮਾਰ-ਲੁਟੇਰਿਆਂ, ਨਸ਼ਾ ਤਸਕਰਾਂ ਨੂੰ ਤਾੜਨਾ ਕੀਤੀ ਕਿ ਅਜਿਹੇ ਕੰਮਾਂ ਤੋਂ ਬਾਜ ਆ ਜਾਉ, ਚੋਰੀ ਜਾਂ ਕਿਸੇ ਵੀ ਗੈਰ ਕਾਨੂੰਨੀ ਘਟਨਾ ਵਿਚ ਸ਼ਾਮਿਲ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਆਪਣੀ ਸਬ ਡਵੀਜ਼ਨ ਦੇ ਮਾਡਲ ਥਾਣਾ ਦਾਖਾ, ਥਾਣਾ ਜੋਧਾਂ, ਥਾਣਾ ਸੁਧਾਰ ਦੀ ਪੁਲਿਸ ਨੂੰ ਇਲਾਕੇ ਅੰਦਰ ਪੁਲਿਸ ਗਸ਼ਤ ਵਧਾਉਣ ਦਾ ਆਦੇਸ਼ ਵੀ ਦਿੱਤਾ।

ਰਣਜੀਤ ਸਿੰਘ ਢਿੱਲੋਂ ਦੀ ਹਲਕਾ ਦਾਖਾ 'ਚ ਆਬਜ਼ਰਬਰ ਵਜੋਂ ਨਿਯੁਕਤੀ ਦਾ ਸਵਾਗਤ

ਮੁੱਲਾਂਪੁਰ-ਦਾਖਾ, 27 ਨਵੰਬਰ (ਨਿਰਮਲ ਸਿੰਘ ਧਾਲੀਵਾਲ)- ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਅਗਾਮੀ ਜ਼ਿਲ੍ਹਾ ਪ੍ਰੀਸ਼ਦ/ਬਲਾਕ ਸੰਮਤੀ ਚੋਣਾਂ ਦੇ ਮੱਦੇਨਜ਼ਰ ਸਾਬਕਾ ਵਿਧਾਇਕ ਰਣਜੀਤ ਸਿੰਘ ਢਿੱਲੋਂ ਨੂੰ ਵਿਧਾਨ ਸਭਾ ਹਲਕਾ ਦਾਖਾ ਅਤੇ ਹਲਕਾ ਗਿੱਲ ਲਈ ਅਬਜ਼ਰਬਰ ਨਿਯੁਕਤ ਕੀਤਾ ਗਿਆ ਹੈ। ਪਾਰਟੀ ਵਲੋਂ ਨਵੀਂ ਜਿੰਮੇਵਾਰੀ ਮਿਲਣ'ਤੇ ਰਣਜੀਤ ਸਿੰਘ ਢਿੱਲੋਂ ਵਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਦੋਵਾਂ ਹਲਕਿਆਂ ਅੰਦਰ ਪਾਰਟੀ ਦੀ ਮਜਬੂਤੀ ਲਈ ਡਟ ਕੇ ਕੰਮ ਕੀਤਾ ਜਾਵੇਗਾ। ਸਾਬਕਾ ਵਿਧਾਇਕ ਰਣਜੀਤ ਸਿੰਘ ਢਿੱਲੋਂ ਦੇ ਹਲਕਾ ਦਾਖਾ ਲਈ ਅਬਜ਼ਰਵਰ ਵਜੋਂ ਨਿਯੁਕਤੀ ਦਾ ਸਵਾਗਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਵਰਕਿੰਗ ਕਮੇਟੀ ਮੈਂਬਰ ਜਸਕਰਨ ਸਿੰਘ ਦਿਉਲ ਕਿਹਾ ਕਿ ਬਲਾਕ ਸੰਮਤੀ/ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੀ ਤਿਆਰੀ ਲਈ ਅਬਜ਼ਰਬਰ ਨਿਯੁਕਤ ਸਾਬਕਾ ਵਿਧਾਇਕ ਢਿੱਲੋਂ ਦੀ ਅਗਵਾਈ ਹੇਠ ਹਲਕਾ ਦਾਖਾ ਦੇ ਅਕਾਲੀ ਵਰਕਰ/ਅਹੁਦੇਦਾਰ ਇਕਜੁੱਟਤਾ ਨਾਲ ਕੰਮ ਕਰਨਗੇ। ਦਿਓਲ ਕਿਹਾ ਕਿ ਬਲਾਕ ਸੰਮਤੀ/ਜਿਲ੍ਹਾ ਪ੍ਰੀਸ਼ਦ ਚੋਣਾਂ ਦੌਰਾਨ ਸਾਕਾਰਾਤਮਕ ਨਤੀਜਾ ਲਿਆਉਣ ਲਈ ਬੂਥ ਪੱਧਰ 'ਤੇ ਵੋਟਰਾਂ ਨਾਲ ਰਾਬਤਾ ਬਣਾਇਆ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਲੁਧਿਆਣਾ ਦਿਹਾਤੀ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਵਲੋਂ ਵੀ ਰਣਜੀਤ ਸਿੰਘ ਢਿੱਲੋਂ ਨੂੰ ਅਬਜ਼ਰਬਰ ਨਿਯੁਕਤ ਕਰਨ'ਤੇ ਵਧਾਈ ਦਿੰਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ। ਅਕਾਲੀ ਗੁਰਦੀਪ ਸਿੰਘ ਫੱਲੇਵਾਲ, ਸਵਰਨ ਸਿੰਘ ਅਛੱਜਾਵਾਲ, ਹਰਪਾਲ ਸਿੰਘ ਕੋਠੇ ਹਾਂਸ, ਅੰਮ੍ਰਿਤਪਾਲ ਸਿੰਘ ਖੰਡੂਰ, ਸਤਵੰਤ ਸਿੰਘ ਮਲਸੀਹਾਂ ਭਾਈ ਕੇ, ਗੁਰਦੀਪ ਸਿੰਘ ਸਵੱਦੀ, ਸੁਰਿੰਦਰ ਸਿੰਘ ਛਿੰਦਾ ਲਤਾਲਾ, ਅਮੋਲਕ ਸਿੰਘ ਧੂਲਕੋਟ, ਹਰਿੰਦਰ ਸਿੰਘ ਈਸੇਵਾਲ, ਅਮਨਦੀਪ ਸਿੰਘ ਅਮਨਾ, ਹੋਰਨਾਂ ਵੀ ਰਣਜੀਤ ਸਿੰਘ ਢਿੱਲੋਂ ਦੀ ਨਿਯੁਕਤੀ ਦਾ ਸਵਾਗਤ ਕੀਤਾ।

ਬਾਬਾ ਮੱਘਰ ਸਿੰਘ ਦੀ 101ਵੀਂ ਬਰਸੀ ਦੇ 7 ਰੋਜ਼ਾ ਧਾਰਮਿਕ ਸਮਾਗਮ ਅੱਜ ਹੋਣਗੇ ਆਰੰਭ- ਜਗਜੀਤ ਸਿੰਘ ਦਿੱਲੀ

ਹਠੂਰ, 27 ਨਵੰਬਰ (ਜਸਵਿੰਦਰ ਸਿੰਘ ਛਿੰਦਾ)-ਸੰਤ ਬਾਬਾ ਮੱਘਰ ਸਿੰਘ ਜੀ ਦੀ 101ਵੇਂ ਬਰਸੀ ਨੂੰ ਸਮਰਪਿਤ ਉਨ੍ਹਾਂ ਦੇ ਤਪ ਅਸਥਾਨ ਗੁਰਦੁਆਰਾ ਬਾਬਾ ਮੱਘਰ ਸਿੰਘ ਪਿੰਡ ਦੇਹੜਕਾ ਵਿਖੇ 7 ਰੋਜ਼ਾ ਹੋਣ ਵਾਲੇ ਮਹਾਨ ਧਾਰਮਿਕ ਇਕੱਤਰੀ ਸਮਾਗਮ ਅੱਜ 28 ਨਵੰਬਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਅਤੇ ਮੁੱਖ ਸੇਵਾਦਾਰ ਜਗਜੀਤ ਸਿੰਘ ਦਿੱਲੀ ਵਾਲਿਆਂ ਦੀ ਅਗਵਾਈ ਹੇਠ ਆਰੰਭ ਹੋ ਰਹੇ ਹਨ। ਇਸ ਸਬੰਧੀ ਪ੍ਰਬੰਧਕ ਕਮੇਟੀ ਵਲੋਂ ਪ੍ਰਧਾਨ ਚੰਦ ਸਿੰਘ, ਮੀਤ ਪ੍ਰਧਾਨ ਪ੍ਰੀਤਮ ਸਿੰਘ ਖਹਿਰਾ, ਗੁਰਮੀਤ ਸਿੰਘ ਪੱਪੂ, ਜਸਵੀਰ ਸਿੰਘ ਸਿੱਧੂ ਨੰਬਰਦਾਰ ਅਤੇ ਬੁਲਾਰੇ ਗਿਆਨੀ ਭਜਨ ਸਿੰਘ ਨੇ ਦੱਸਿਆ 28 ਨਵੰਬਰ ਨੂੰ ਸਮਾਗਮਾਂ ਦੀ ਆਰੰਭਤਾ ਇਕੋਤਰੀ ਦੇ ਸ੍ਰੀ ਅਖੰਡ ਪਾਠਾਂ ਦੀ ਪਹਿਲੀ ਲੜੀ ਦੀ ਅਰੰਭਤਾ ਨਾਲ ਹੋਵੇਗੀ ਅਤੇ ਤਿੰਨ ਲੜੀਆਂ ਵਿਚ ਸ੍ਰੀ ਅਖੰਡ ਪਾਠ ਹੋਣਗੇ, ਜਿਨ੍ਹਾਂ ਦੀ ਸਮੁੱਚੀ ਸਮਾਪਤੀ 4 ਦਸੰਬਰ ਨੂੰ ਹੋਵੇਗੀ। ਇਸ ਦੌਰਾਨ 1 ਦਸੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ। ਜਿਸ ਵਿਚ ਅਨੇਕਾਂ ਰਾਗੀ, ਢਾਡੀ, ਕਵੀਸ਼ਰ ਜੱਥੇ ਹਾਜ਼ਰੀਆਂ ਭਰਨਗੇ। ਇਸ ਦੌਰਾਨ ਰਾਤ ਸਮੇਂ ਧਾਰਮਿਕ ਦੀਵਾਨ ਸਜਾਏ ਜਾਇਆ ਕਰਨਗੇ। ਜਿਸ ਵਿਚ ਸੰਤ ਬਾਬਾ ਘਾਲਾ ਸਿੰਘ ਨਾਨਕਸਰ, ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ, ਸੰਤ ਬਾਬਾ ਗੁਰਜੀਤ ਸਿੰਘ ਨਾਨਕਸਰ ਮੁਖੀ ਹਜ਼ੂਰੀ ਸੇਵਾਦਾਰ, ਬਾਬਾ ਜਸਪਾਲ ਸਿੰਘ ਧਾਲੀਆਂ, ਸੰਤ ਬਾਬਾ ਕੁਲਵੰਤ ਸਿੰਘ ਨਾਨਕਸਰ, ਸੰਤ ਬਾਬਾ ਪਿਆਰਾ ਸਿੰਘ ਸਿਰਥਲਾ, ਸੰਤ ਬਾਬਾ ਭਾਗ ਸਿੰਘ ਨਾਨਕਸਰ, ਸੰਤ ਬਾਬਾ ਰਜ਼ਨੀਸ਼ ਸਿੰਘ ਨੱਥੂ ਮਾਜ਼ਰਾ, ਸੰਤ ਬਾਬਾ ਉਂਕਾਰ ਸਿੰਘ ਬੇਰ ਖੁਰਦ ਵਾਲੇ ਕਥਾ-ਕੀਰਤਨ ਦੁਆਰਾ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਜੁਝਾਰ ਸਿੰਘ, ਭਾਈ ਪਿੰਦਰਪਾਲ ਸਿੰਘ ਮਰਦਾਨੇ ਕੇ, ਗੁਰਮਤਿ ਸੰਗੀਤ ਅਕੈਡਮੀ ਦੇਹੜਕਾ, ਭਾਈ ਕੁਲਵੰਤ ਸਿੰਘ ਮਾਣੂੰਕੇ, ਪੰਡਤ ਸੋਮਨਾਥ ਰੋਡਿਆਂ ਵਾਲੇ, ਢਾਡੀ ਭਾਈ ਬਲਵਿੰਦਰ ਸਿੰਘ ਬਗੀਚਾ ਆਦਿ ਜੱਥੇ ਵੀ ਹਾਜ਼ਰੀ ਭਰਨਗੇ। ਪ੍ਰਬੰਧਕਾਂ ਨੇ ਦੱਸਿਆ ਕਿ 4 ਦਸੰਬਰ ਨੂੰ ਖ਼ੂਨਦਾਨ ਕੈਂਪਅਤੇ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਾਇਆ ਜਾਵੇਗਾ ਅਤੇ 5 ਦਸੰਬਰ ਨੂੰ ਅੰਮ੍ਰਿਤ ਸੰਚਾਰ ਵੀ ਹੋਵੇਗਾ।



ਸੰਤ ਬਾਬਾ ਮੱਘਰ ਸਿੰਘ ਜੀ

ਲੋਹਟਬੱਦੀ 'ਚ ਪੁਲਿਸ ਵਲੋਂ 13 ਮੈਂਬਰੀ ਔਰਤ ਚੋਰ ਗਰੋਹ ਕਾਬੂ

• ਪੁਲਿਸ ਨੇ ਜੁਰਮ ਰੋਕੂ ਕਾਰਵਾਈ ਕਰ ਕੇ ਜੇਲ੍ਹ ਭੇਜਿਆ

ਲੋਹਟਬੱਦੀ, 27 ਨਵੰਬਰ (ਕੁਲਵਿੰਦਰ ਸਿੰਘ ਡਾਂਗੋਂ)- ਬੀਤੀ ਰਾਤ ਪੁਲਿਸ ਚੌਕੀ ਲੋਹਟਬੱਦੀ ਦੀ ਪੁਲਿਸ